15550/h
25-06-18

## ਦਫ਼ਤਰ ਜ਼ਿਲ੍ਹਾ ਮੈਜਿਸਟਰੇਟ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
(ਫੁਟਕਲ ਸ਼ਾਖਾ)

### ਹੁਕਮ

ਇਹ ਗੱਲ ਧਿਆਨ ਵਿੱਚ ਆਈ ਹੈ ਕਿ ਪੰਜਾਬ ਇੰਸਟਰੂਮੈਂਟ (ਕੰਟਰੋਲ ਆਫ਼ ਨੋਆਇਜਜ਼), ਐਕਟ 1956 ਅਨੁਸਾਰ ਕੋਈ ਵੀ ਵਿਅਕਤੀ ਸ਼ਾਮ 10-00 ਵਜੇ ਤੋਂ ਲੈ ਕੇ ਸਵੇਰੇ 06-00 ਵਜੇ ਤੱਕ ਲਾਊਡ ਸਪੀਕਰ ਨਹੀਂ ਚਲਾ ਸਕਦਾ ਹੈ। ਵੇਖਿਆ ਗਿਆ ਹੈ ਕਿ ਪਬਲਿਕ ਵੱਲੋਂ ਕਲਚਰਲ ਅਤੇ ਧਾਰਮਿਕ ਜਾਂ ਖੁਸ਼ੀ ਆਦਿ ਦੇ ਸਮਾਗਮਾਂ ਸਮੇਂ ਸੜਕਾ ਜਾਂ ਹੋਰ ਥਾਵਾ ਤੇ ਲਾਊਡ ਸਪੀਕਰ ਲਗਾਕੇ ਇਸ ਐਕਟ ਦੀ ਉਲੰਘਣਾ ਕੀਤੀ ਜਾਂਦੀ ਹੈ ਅਤੇ ਲਾਊਡ ਸਪੀਕਰਾ ਦੀ ਉੱਚੀ ਅਵਾਜ ਦੀ ਵਰਤੋਂ ਸਦਕਾ ਲੋਕ ਸ਼ਾਤੀ ਭੰਗ ਹੋਣ ਦਾ ਖਤਰਾ ਬਣਿਆ ਰਹਿੰਦਾ ਹੈ। ਇਸ ਤੋਂ ਇਲਾਵਾ ਬਜੁਰਗਾ ਦੀ ਸਿਹਤ, ਬੀਮਾਰ ਵਿਅਕਤੀਆ ਨੂੰ ਹੋਣ ਵਾਲੀ ਪ੍ਰੇਸ਼ਾਨੀ, ਬੱਚਿਆ ਦੇ ਇਮਤਿਹਾਨ ਨੂੰ ਮੁੱਖ ਰੱਖਦੇ ਹੋਏ ਇਸ ਦੀ ਰੋਕਥਾਮ ਕਰਨੀ ਜਰੂਰੀ ਹੈ।

ਮੈਂ, ਗੁਰਪ੍ਰੀਤ ਕੌਰ ਸਪਰਾ, ਆਈ.ਏ.ਐਸ., ਜ਼ਿਲ੍ਹਾ ਮੈਜਿਸਟਰੇਟ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਫੌਜ਼ਦਾਰੀ ਜ਼ਾਬਤਾ ਸੰਘਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਅਧੀਨ ਪ੍ਰਾਪਤ ਹੋਈਆਂ ਸ਼ਕਤੀਆਂ ਦੀ ਵਰਤੋਂ ਕਰਦੀ ਹੋਈ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੀਆਂ ਸੀਮਾਵਾਂ ਅੰਦਰ ਹਰ ਥਾਂ ਤੇ ਉੱਚੀ ਅਵਾਜ ਵਿੱਚ ਲਾਊਡ ਸਪੀਕਰ ਚਲਾਉਣ ਤੇ ਪਾਬੰਦੀ ਲਗਾਉਂਦੀ ਹਾਂ। ਕੇਵਲ ਖਾਸ ਹਾਲਤਾਂ ਅਤੇ ਮੌਕਿਆਂ ਸਮੇਂ ਪ੍ਰਬੰਧਕ ਸਬੰਧਤ ਉਪ ਮੰਡਲ ਮੈਜਿਸਟਰੇਟ ਪਾਸੋਂ ਪੰਜਾਬ ਇੰਸਟਰੂਮੈਂਟ (ਕੰਟਰੋਲ ਆਫ਼ ਨੋਆਇਜਜ਼), ਐਕਟ 1956 ਵਿੱਚ ਦਰਜ਼ ਸ਼ਰਤਾਂ ਸਹਿਤ ਲਿਖਤੀ ਪ੍ਰਵਾਨਗੀ ਪ੍ਰਾਪਤ ਕਰ ਸਕਦੇ ਹਨ।

ਇਸ ਤੋਂ ਇਲਾਵਾ ਇਹ ਵੀ ਹੁਕਮ ਕੀਤਾ ਜਾਂਦਾ ਹੈ ਕਿ ਸਾਰੇ ਹੀ ਧਾਰਮਿਕ ਸਥਾਨਾ ਵਿੱਚ ਸਾਊਂਡ ਨੂੰ ਹਦੂਦ ਦੇ ਅੰਦਰ ਤੱਕ ਸੀਮਤ ਰੱਖਿਆ ਜਾਵੇ।

ਹਾਲਾਤ ਦੀ ਤੱਤਪਰਤਾ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਇੱਕ ਤਰਫਾ ਜਾਰੀ ਕੀਤਾ ਜਾਂਦਾ ਹੈ ਅਤੇ ਆਮ ਜਨਤਾ ਨੂੰ ਸੰਬੋਧਿਤ ਕੀਤਾ ਜਾਂਦਾ ਹੈ।

ਇਹ ਹੁਕਮ ਮਿਤੀ 21-06-2018 ਤੋਂ 20-08-2018 ਤੱਕ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿਖੇ ਤੁਰੰਤ ਅਸਰ ਨਾਲ ਲਾਗੂ ਹੋਵੇਗਾ।

ਸੀਨੀਅਰ ਕਪਤਾਨ ਪੁਲਿਸ ਇਸ ਹੁਕਮ ਨੂੰ ਲਾਗੂ ਕਰਵਾਉਣ ਲਈ ਅਗਲੀ ਕਰਾਵਾਈ ਅਮਲ ਵਿੱਚ ਲਿਆਉਣਗੇ।

ਇਹ ਹੁਕਮ ਦਾ ਪ੍ਰਚਾਰ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਇਲਾਕਿਆਂ ਵਿੱਚ ਢੋਲ ਵਜਾ ਕੇ, ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਐਸ.ਏ.ਐਸ.ਨਗਰ ਦੀ ਪ੍ਰਚਾਰ ਵੈਨ ਅਤੇ ਸਰਕਾਰੀ ਦਫ਼ਤਰਾਂ ਦੇ ਨੋਟਿਸ ਬੋਰਡਾਂ ਤੇ ਇਸ ਹੁਕਮ ਦੀਆਂ ਕਾਪੀਆ ਚਸਪਾ ਕਰਕੇ ਰੇਡੀਉ ਟੈਲੀਵਿਜਨ, ਦੂਰਦਰਸ਼ਨ ਅਤੇ ਪ੍ਰੈਸ ਰਾਹੀਂ ਆਮ ਜਨਤਾ ਤੱਕ ਪਹੁੰਚਾਇਆ ਜਾਵੇ।

ਇਹ ਹੁਕਮ ਅੱਜ ਮਿਤੀ 21-06-2018 ਨੂੰ ਮੇਰੇ ਹਸਤਾਖ਼ਰਾਂ ਅਤੇ ਮੋਹਰ ਅਦਾਲਤ ਨਾਲ ਜਾਰੀ ਕੀਤਾ ਗਿਆ।

ਸਹੀ/-
ਗੁਰਪ੍ਰੀਤ ਕੌਰ ਸਪਰਾ, ਆਈ.ਏ.ਐਸ.
ਜ਼ਿਲ੍ਹਾ ਮੈਜਿਸਟਰੇਟ,
ਸਾਹਿਬਜਾਦਾ ਅਜੀਤ ਸਿੰਘ ਨਗਰ।

ਪਿੱਠ ਅੰਕਣ ਨੰ: 9254-9299 /ਐਮ.ਸੀ-1 ਮਿਤੀ: 21/6/2018

ਇਸ ਦਾ ਇੱਕ ਉਤਾਰਾ:-

1. ਮੁੱਖ ਸਕੱਤਰ,ਪੰਜਾਬ ਸਰਕਾਰ,ਚੰਡੀਗੜ੍ਹ।
2. ਪ੍ਰਮੁੱਖ ਸਕੱਤਰ ਪੰਜਾਬ ਸਰਕਾਰ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ,ਚੰਡੀਗੜ੍ਹ।
3. ਕਮਿਸ਼ਨਰ, ਰੂਪਨਗਰ ਮੰਡਲ, ਰੂਪਨਗਰ।
4. ਡੀ.ਆਈ.ਜੀ. ਰੇਜ ਰੂਪਨਗਰ।
5. ਜਿਲਾ ਅਤੇ ਸ਼ੈਸ਼ਨ ਜੱਜ, ਐਸ.ਏ.ਐਸ.ਨਗਰ।
6. ਸਕੱਤਰ,ਪੰਜਾਬ ਸਕੂਲ ਸਿੱਖਿਆ,ਬੋਰਡ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
7. ਸੀਨੀਅਰ ਪੁਲਿਸ ਕਪਤਾਨ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
8. ਸਮੂਹ ਜਿਲਾ ਮੈਜਿਸਟਰੇਟ ਰੂਪਨਗਰ, ਫਤਹਿਗੜ੍ਹ ਸਾਹਿਬ, ਪਟਿਆਲਾ, ਸੰਗਰੂਰ, ਮਾਨਸਾ, ਲੁਧਿਆਣਾ, ਬਠਿੰਡਾ, ਫਿਰੋਜ਼ਪੁਰ, ਫਰੀਦਕੋਟ, ਮੋਗਾ, ਮੁਕਤਸਰ, ਅਮ੍ਰਿਤਸਰ, ਤਰਨ ਤਾਰਨ, ਜਲੰਧਰ, ਕਪੂਰਥਲਾ, ਹੁਸ਼ਿਆਰਪੁਰ, ਸ਼ਹੀਦ ਭਗਤ ਸਿੰਘ ਨਗਰ, ਗੁਰਦਾਸਪੁਰ, ਬਰਨਾਲਾ, ਫਾਜਲਿਕਾ, ਪਠਾਨਕੋਟ।
9. ਕਮਿਸ਼ਨਰ, ਨਗਰ ਨਿਗਮ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
10. ਵਧੀਕ ਮੁੱਖ ਪ੍ਰਸ਼ਾਸਕ, ਗਮਾਡਾ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
11. ਸਿਵਲ ਸਰਜਨ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
12. ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
13. ਉਪ ਮੰਡਲ ਮੈਜਿਸਟਰੇਟ, ਮੋਹਾਲੀ, ਖਰੜ, ਡੇਰਾਬਸੀ।
14. ਤਹਿਸੀਲਦਾਰ, ਮੋਹਾਲੀ, ਖਰੜ, ਡੇਰਾਬਸੀ।
15. ਨਾਇਬ ਤਹਿਸੀਲਦਾਰ, ਮਾਜਰੀ, ਬਨੂੰੜ, ਜੀਰਕਪੁਰ।
16. ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ, ਮਾਜਰੀ, ਖਰੜ, ਡੇਰਾਬਸੀ।
17. ਕਾਰਜ ਸਾਧਕ ਅਫ਼ਸਰ, ਨਗਰ ਕੌਂਸਲ, ਖਰੜ, ਕੁਰਾਲੀ, ਡੇਰਾਬਸੀ, ਨਿਆ ਗਰਾਓ, ਜੀਰਕਪੁਰ, ਬਨੂੰੜ ਅਤੇ ਲਾਲੜੂ।
18. ਜ਼ਿਲ੍ਹਾ ਟਰਾਂਸਪੋਰਟ,ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
19. ਜਿਲ੍ਹਾ ਇੰਨਫੋਰਮੈਟਿਕ ਅਫਸਰ, ਸਾਹਿਬਜਾਦਾ ਅਜੀਤ ਸਿੰਘ ਨਗਰ ਨੂੰ ਧਾਰਾ 144 ਦੇ ਹੁਕਮ ਜਿਲ੍ਹੇ ਦੀ ਵੈਬ ਸਾਈਟ ਤੇ ਅਪ ਲੋਡ ਕਰਨ ਸਬੰਧੀ।
20. ਸਕੱਤਰ ਮਾਰਕੀਟ ਕਮੇਟੀ ਖਰੜ, ਡੇਰਾਬਸੀ, ਕੁਰਾਲੀ, ਲਾਲੜੂ ਅਤੇ ਬਨੂੰੜ।
21. ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
22. ਜ਼ਿਲ੍ਹਾ ਸਿੱਖਿਆ ਅਫ਼ਸਰ, ਪ੍ਰਾਇਮਰੀ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
23. ਸੁਪਰਡੰਟ ਗਰੇਡ-1/ਪੀ.ਏ.ਟੂ ਡੀ.ਐਮ/ਸਟੈਨੋ ਟੂ ਏ.ਡੀ.ਐਮ(ਵਿ/ਜ)/ਸਟੈਨੋ ਟੂ ਸ:ਕ:(ਜ/ਸਿ:) ਨੂੰ ਸੂਚਨਾ ਤੇ ਅਗਲੀ ਕਾਰਵਾਈ ਹਿੱਤ।

ਪਿਠ 35260-84/ਗੀ ਮਿਤੀ 25-6-18

ਸੀਨੀਅਰ ਕਪਤਾਨ ਪੁਲਿਸ
ਐਸ.ਏ.ਐਸ. ਨਗਰ

ਵਾ:ਜ਼ਿਲ੍ਹਾ ਮੈਜਿਸਟਰੇਟ,
ਸਾਹਿਬਜਾਦਾ ਅਜੀਤ ਸਿੰਘ ਨਗਰ।